# ਦਫਤਰ ਉਪ ਮੰਡਲ ਇੰਜੀਨੀਅਰ, ਉਸਾਰੀ ਉਪ ਮੰਡਲ ਨੰ.1 ਭ ਤੇ ਮ ਸ਼ਾਖਾ, ਸੰਗਰੂਰ

## ਦੂਜੀ ਮੰਜਿਲ ਬਲਾਕ-2, ਜਿਲ੍ਹਾ ਪ੍ਰਬੰਧਕੀ ਕੰਪਲੈਕਸ ਸੰਗਰੂਰ।

ਟੈਲੀਫੋਨ/ਫੈਕਸ ਨੰਬਰ. 01672-234114 EMAIL:-sdecno1sgr@gmail.com

ਵੱਲ

ਪ੍ਰਿੰਸੀਪਲ,
ਸੰਤ ਈਸ਼ਰ ਸਿੰਘ ਪਬਲਿਕ ਸਕੂਲ,
ਛਾਹੜ, ਜ਼ਿਲ੍ਹਾ-ਸੰਗਰੂਰ।

ਨੰ: 846 ਮਿਤੀ:- 11-05-2026

**ਵਿਸ਼ਾ:** **ਸਾਲ 2026-27 ਦੇ ਲਈ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ:- ਆਪ ਦਾ ਪੱਤਰ ਨੰ.SISPS/ ਮਿਤੀ 12.02.2026.

ਉਪਰੋਕਤ ਵਿਸ਼ੇ ਸਬੰਧੀ ਹਵਾਲਾ ਅਧੀਨ ਪੱਤਰ ਰਾਹੀਂ ਪ੍ਰਾਪਤ ਹੋਏ ਕੇਸ ਲਈ ਇਸ ਦਫ਼ਤਰ ਦੇ ਜੂਨੀਅਰ ਇੰਜੀਨੀਅਰ ਵੱਲੋਂ ਕੀ ਤੀ ਗਈ ਰਿਪੋਰਟ ਦੇ ਆਧਾਰ ਤੇ ਨਿਮਨਲਿਖਤ ਨਿਰੀਖਣਾਂ ਅਤੇ ਸ਼ਰਤਾਂ ਅਧੀਨ ਸਾਲ 2026-27 ਦਾ ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕੀਤਾ ਜਾਂਦਾ ਹੈ:-

1. **ਇੰਜ: ਐਨ.ਕੇ.ਗੁਪਤਾ** ਦੁਆਰਾ ਸਟਰੱਕਚਰ ਸੁਰੱਖਿਆ ਸਰਟੀਫਿਕੇਟ ਦਿੱਤਾ ਗਿਆ ਹੈ ਅਤੇ ਉਨ੍ਹਾਂ ਦੇ ਸਰਟੀਫਿਕੇਟ ਅਨੁਸਾਰ ਸਕੂਲ ਵਰਤੋਂ ਲਈ ਸੁਰੱਖਿਅਤ ਹੈ, ਪ੍ਰੰਤੂ ਇਸ ਸਕੂਲ ਦਾ ਨਿਰਮਾਣ ਇਸ ਵਿਭਾਗ ਵੱਲੋਂ ਨਹੀਂ ਕੀਤਾ ਗਿਆ ਹੈ, ਇਸ ਲਈ ਵਿਭਾਗ ਦੁਆਰਾ ਸਕੂਲ ਦੀ ਸਟਰੱਕਚਰ ਦੀ ਸੇਫਟੀ ਖਾਸ ਕਰਕੇ ਭੂਚਾਲ ਦੇ ਦ੍ਰਿਸ਼ਟੀਕੋਣ ਤੋਂ ਯਕੀਨੀ ਨਹੀਂ ਬਣਾਈ ਜਾ ਸਕਦੀ।
2. ਜੇਕਰ ਸਕੂਲ ਵੱਲੋਂ ਇਸ ਇਮਾਰਤ ਵਿੱਚ ਕੋਈ ਵਾਧਾ, ਤਬਦੀਲੀ, ਵਿਸਤਾਰ ਅਤੇ ਸੋਧ ਦੀ ਲੋੜ ਹੈ ਜਾਂ ਕੀਤੀ ਜਾਣੀ ਹੈ ਤਾਂ ਨਿਮਨਹਸਤਾਖਰ ਦੀ ਤੁਰੰਤ ਜਾਂਚ ਦਾ ਪ੍ਰਬੰਧ ਕੀਤਾ ਜਾਣਾ ਚਾਹੀਦਾ ਹੈ ਅਤੇ ਉਸ ਹਿੱਸੇ ਨੂੰ ਮੁਕੰਮਲ ਕਰਕੇ ਉਸ ਦਾ ਸੇਫਟੀ ਸਰਟੀਫਿਕੇਟ ਨਿਮਨਹਸਤਾਖਰ ਪਾਸੋਂ ਫਿਰ ਤੋਂ ਲਿਆ ਜਾਵੇ।
3. ਜੇਕਰ ਬਿਲਡਿੰਗ ਦੀਆਂ ਕੰਧਾ, ਨੀਹਾਂ ਅਤੇ ਛੱਤਾਂ ਕੁਦਰਤੀ ਆਫਤ ਕਰਕੇ ਬੈਠ ਜਾਣ ਤਾਂ ਇਸ ਸੂਰਤ ਵਿੱਚ ਸਕੂਲ ਵੱਲੋਂ ਨਿਮਨਹਸਤਾਖਰ ਨੂੰ ਤੁਰੰਤ ਬਿਲਡਿੰਗ ਦੀ ਹਾਲਤ ਬਾਰੇ ਸੂਚਿਤ ਕੀਤਾ ਜਾਵੇ ਅਤੇ ਨਿਰੀਖਣ ਕਰਵਾਉਣ ਉਪਰੰਤ ਹੀ ਬਿਲਡਿੰਗ ਨੂੰ ਵਰਤੋਂ ਵਿੱਚ ਲਿਆ ਜਾਵੇ।
4. ਸਬੰਧਤ ਵਿਭਾਗਾਂ ਤੋਂ ਵੱਖਰੇ ਤੌਰ ਤੇ ਫਾਇਰ ਸੇਫਟੀ ਅਤੇ ਬਿਜਲੀ ਸੇਫਟੀ ਸਰਟੀਫਿਕੇਟ ਪ੍ਰਾਪਤ ਕੀਤਾ ਜਾਵੇ।
5. ਸਕੂਲ ਬਿਲਡਿੰਗ ਦੀ ਸੇਫਟੀ ਨੂੰ ਮੁੱਖ ਰੱਖਦੇ ਹੋਏ ਬਿਲਡਿੰਗ ਦੀ ਰਿਪੇਅਰ ਕਰਵਾਉਣ ਦੀ ਜ਼ਿੰਮੇਵਾਰੀ ਸਕੂਲ ਪ੍ਰਬੰਧਨ ਦੀ ਹੈ। ਇਸ ਰਿਪੋਰਟ ਦੇ ਬਾਵਜੂਦ ਸਕੂਲ ਪ੍ਰਬੰਧਨ ਸਾਰੇ ਪੱਖਾਂ ਤੋਂ ਬਿਲਡਿੰਗ ਦੀ ਸੁਰੱਖਿਆ ਲਈ ਜ਼ਿੰਮੇਵਾਰ ਹੈ।
6. ਸਕੂਲ ਕੋਲ ਕਿਸੇ ਅਣਸੁਖਾਵੀ ਆਪਦਾ ਨਾਲ ਨਜਿੱਠਣ ਲਈ ਯੋਜਨਾ ਹੋਣੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ ਦੌਰਾਨ ਬੱਚਿਆਂ ਨੂੰ ਬਿਲਡਿੰਗ ਵਿੱਚੋਂ ਸੁਰੱਖਿਅਤ ਬਾਹਰ ਕੱਢਣਾ ਅਤੇ ਸਬੰਧਤ ਵਿਭਾਗ ਨਾਲ ਤਾਲਮੇਲ ਕਰਨ ਦੀ ਯੋਜਨਾ ਹੋਣੀ ਚਾਹੀਦੀ ਹੈ। ਸਕੂਲ ਨੂੰ ਇਸ ਯੋਜਨਾ ਦੀ ਪ੍ਰਭਾਵਸ਼ੀਲਤਾ ਨੂੰ ਯਕੀਨੀ ਬਣਾਉਣ ਲਈ ਨਿਯਮਿਤ ਤੌਰ ਤੇ ਸਮੀਖਿਆ ਅਤੇ ਅੱਪਡੇਟ ਕਰਦੇ ਰਹਿਣਾ ਚਾਹੀਦਾ ਹੈ।
7. ਸਕੂਲ ਨੂੰ ਸਟਾਫ ਮੈਬਰਾਂ ਨੂੰ ਉਚਿਤ ਸੁਰੱਖਿਆ ਸਿਖਲਾਈ ਪ੍ਰਦਾਨ ਕਰਨੀ ਚਾਹੀਦੀ ਹੈ, ਜਿਸ ਵਿੱਚ ਐਮਰਜੈਂਸੀ, ਫਸਟ ਏਡ ਅਤੇ ਨਿਕਾਸੀ ਪ੍ਰੋਟੋਕੋਲ ਨੂੰ ਸੰਭਾਲਣ ਦੀਆਂ ਪ੍ਰਕਿਰਿਆਵਾਂ ਵੀ ਸ਼ਾਮਲ ਹਨ।
8. ਸਕੂਲ ਦੇ ਕਵਰਡ ਏਰੀਏ ਦੇ ਹਿਸਾਬ ਨਾਲ E-Challan (Receipt No. 22296636 dated 19.03.2026) ਰਾਹੀਂ (10000 X 3 =30000) ਤੀਹ ਹਜ਼ਾਰ ਰੁਪਏ ਬਿਲਡਿੰਗ ਨਿਰੀਖਣ ਫੀਸ ਵਜੋਂ ਪ੍ਰਾਪਤ ਕੀਤੇ ਗਏ ਹਨ। ਸਕੂਲ ਦਾ ਫਾਇਰ ਸੇਫਟੀ ਸਰਟੀਫਿਕੇਟ ਮਿਤੀ 10.04.2029 ਤੱਕ ਵੈਲਿਡ ਹੈ, ਇਸ ਲਈ ਸਕੂਲ ਦਾ ਸੇਫਟੀ ਸਰਟੀਫਿਕੇਟ ਮਿਤੀ 31.03.2027 ਤੱਕ ਜਾਰੀ ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਆਪ ਵੱਲੋ ਜੋ ਤੀਹ ਹਜਾਰ ਰੁਪਏ ਭਰੇ ਗਏ ਹਨ ਉਸਨੂੰ ਆਉਣ ਵਾਲੇ ਅਗਲੇ ਹੋਰ 2 ਸਾਲਾਂ ਲਈ ਵੈਲਿਡ ਮੰਨ ਲਿਆ ਜਾਵੇਗਾ ਜੇਕਰ ਸਰਕਾਰ ਵੱਲੋ ਸਕੂਲ ਬਿਲਡਿੰਗ ਸੇਫਟੀ ਸ਼ਰਤਾਂ ਵਿੱਚ ਫੀਸ ਸਬੰਧੀ ਕੋਈ ਬਦਲਾਅ ਨਾ ਕੀਤੇ ਗਏ।
9. ਇਹ ਰਿਪੋਰਟ ਕਾਨੂੰਨੀ ਉਦੇਸ਼ ਲਈ ਵੈਲਿਡ ਨਹੀਂ ਹੈ।

ਉਪ ਮੰਡਲ ਇੰਜੀਨੀਅਰ
ਉਸਾਰੀ ਉਪ ਮੰਡਲ ਨੰ.1, ਲੋ.ਨਿ.ਵਿ
ਭ ਤੇ ਮ ਸ਼ਾਖਾ, ਸੰਗਰੂਰ।

ਪਿੱਠ ਅੰਕਣ ਨੰ. ਮਿਤੀ:

ਉਪਰੋਕਤ ਦਾ ਉਤਾਰਾ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ ਭ ਤੇ ਮ ਸ਼ਾਖਾ, ਸੰਗਰੂਰ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ।

ਉਪ ਮੰਡਲ ਇੰਜੀਨੀਅਰ
ਉਸਾਰੀ ਉਪ ਮੰਡਲ ਨੰ.1, ਲੋ.ਨਿ.ਵਿ
ਭ ਤੇ ਮ ਸ਼ਾਖਾ, ਸੰਗਰੂਰ।